# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 25-09-2024**

ਸਰਵਉਚ ਅਦਾਲਤ ਨੇ ਪੰਜਾਬ ਦੇ ਮੈਡੀਕਲ ਕਾਲਜਾਂ ਵਿਚ ਐਨ.ਆਰ.ਆਈ. ਭਾਰਤੀ ਕੋਟੇ ਦੇ ਵਿਸਥਾਰ ਦੀ ਨਿਖੇਧੀ ਕੀਤੀ ਏ । ਇਸ ਨੂੰ ਧੋਖਾਧੜੀ ਦੱਸਦੇ ਹੋਏ ਸਰਵਉਚ ਅਦਾਲਤ ਨੇ ਮੰਨਿਆ ਕਿ ਇਸ ਕਦਮ ਨਾਲ ਨਾਜਾਇਜ਼ ਤਰੀਕੇ ਨਾਲ ਦਾਖ਼ਲੇ ਹੋਣਗੇ ਤੇ ਹੋਣਹਾਰ ਵਿਦਿਆਰਥੀਆਂ ਦੀ ਦਾਖ਼ਲਾ ਪ੍ਰੀਖਿਆ ਵਿਚ ਰੁਕਾਵਟ ਬਣੇਗੀ । ਸਰਵਉਚ ਅਦਾਲਤ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਉਸ ਹੁਕਮ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਨੂੰ ਖਾਰਜ ਕਰ ਦਿੱਤਾ ਏ , ਜਿਨ੍ਹਾਂ ਵਿਚ ਮੈਡੀਕਲ ਕਾਲਜ ਵਿਚ ਐਨ.ਆਰ.ਆਈ. ਭਾਰਤੀ ਕੋਟੇ ਦੇ ਵਿਸਥਾਰ ਦੇ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੂੰ ਰੱਦ ਕਰ ਦਿੱਤਾ ਗਿਆ ਸੀ ।

---------------------------------------------------------------

ਪੰਜਾਬ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਅਧਿਆਪਕਾਂ ਨੂੰ, ਕੌਮਾਂਤਰੀ ਪੱਧਰ ਦੀ ਸਿਖਲਾਈ ਮੁੱਹਈਆ ਕਰਵਾਉਣ ਦੇ ਮਕਸਦ ਨਾਲ, ਫਿਨਲੈਂਡ ਦੀ ਯੂਨੀਵਰਸਿਟੀ ਆਫ਼ ਤੁਰਕੂ ਵਿਖੇ ਭੇਜਣ ਦਾ ਫ਼ੈਸਲਾ ਕੀਤਾ ਏ। ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪ੍ਰਾਇਮਰੀ ਅਧਿਆਪਕ ਦੀ ਇਹ ਸਿਖਲਾਈ ਤਿੰਨ ਹਫ਼ਤਿਆਂ ਦੀ ਹੋਵੇਗੀ । ਉਨ੍ਹਾਂ ਦੱਸਿਆ ਕਿ ਸਿਖਲਾਈ ਲਈ ਜਾਣ ਦੇ ਇਛੁੱਕ ਅਧਿਆਪਕਾਂ ਆਨਲਾਈਨ ਬਿਨੈ ਕਰ ਸਕਦੇ ਨੇ। ਸਿਖਲਾਈ ਸਬੰਧੀ ਜਾਣਕਾਰੀ ਵਿਭਾਗ ਦੀ ਵੈਬਸਾਈਟ ਈ-ਪੰਜਾਬ ਪੋਰਟਲ ਤੋਂ ਲਈ ਜਾ ਸਕਦੀ ਏ। ਸਿੱਖਿਆ ਮੰਤਰੀ ਨੇ ਦੱਸਿਆ ਕਿ ਜਿਹੜੇ ਅਧਿਆਪਕ ਇਸ ਸਿਖਲਾਈ 'ਤੇ ਜਾਣ ਲਈ ਬਿਨੈ ਕਰਨਗੇ ਉਨ੍ਹਾਂ ਦੇ ਪੜ੍ਹਾਈ ਕਰਵਾਉਣ ਦੀ ਵਿਧੀ ਸਬੰਧੀ ਉਨ੍ਹਾਂ ਕੋਲੋਂ ਸਿੱਖਿਆ ਹਾਸਲ ਕਰ ਚੁੱਕੇ ਵਿਦਿਆਰਥੀਆਂ ਅਤੇ ਮੌਜੂਦਾ ਸਮੇਂ ਸਿੱਖਿਆ ਹਾਸਲ ਕਰ ਰਹੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਤੋਂ ਵੀ ਤਸਦੀਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਫਰਵਰੀ ਤੋਂ ਕੁੱਲ 198 ਪ੍ਰਿੰਸੀਪਲਾਂ

ਅਤੇ ਸਿੱਖਿਆ ਪ੍ਰਸ਼ਾਸਕਾਂ ਨੂੰ ਸਿੰਗਾਪੁਰ ਦੀਆਂ ਦੋ ਸੰਸਥਾਵਾਂ ਵਿਚ ਸਿਖਲਾਈ ਦਿਤੀ ਗਈ।

---------------------------------------------------------------------

ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਨਵੇਂ ਬਣੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨਾਲ ਮੁਲਾਕਾਤ ਕੀਤੀ ਅਤੇ ਪਿੰਡਾਂ ਦੇ ਵਿਕਾਸ, ਸੱਭਿਆਚਾਰਕ ਮਾਮਲਿਆਂ ਸਮੇਤ ਵੱਖ – ਵੱਖ ਮੁੱਦਿਆਂ ਤੇ ਵਿਚਾਰ ਚਰਚਾ ਕੀਤੀ। ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਉਨ੍ਹਾਂ ਨੂੰ ਜਿਹੜੀ ਜ਼ਿੰਮੇਵਾਰੀ ਸੌਂਪੀ ਗਈ ਏ , ਉਹ, ਉਸ ਨੂੰ ਪੂਰੀ ਮਿਹਨਤ ਤੇ ਲਗਨ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਬਟਾਲਾ ਦੇ ਵਿਧਾਇਕ ਵੱਲੋਂ ਜੋ ਵੀ ਮੁੱਦੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਗਏ ਨੇ, ਉਨ੍ਹਾਂ ਨੂੰ ਪ੍ਰਮੁੱਖਤਾ ਨਾਲ ਹੱਲ ਕੀਤਾ ਜਾਵੇਗਾ।

---------------------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ NSS ਦਾ 64ਵਾਂ ਸਥਾਪਨਾ ਦਿਵਸ ਮਨਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ.ਰੇਣੂ ਵਿਗ ਨੇ ਕੀਤੀ।

ਸੰਸਕ੍ਰਿਤੀ ਸਾਹਿਤ ਅਕਾਦਮੀ ਦੇ ਵਾਈਸ ਚੇਅਰਮੈਨ ਡਾ.ਕੁਲਦੀਪ ਚੰਦ ਅਗਨੀਹੋਤਰੀ ਨੇ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਸਮਾਗਮ ਦੀ ਸ਼ੁਰੂਆਤ ਬੂਟੇ ਲਾਉਣ ਨਾਲ ਹੋਈ, ਜਿਸ ਵਿੱਚ ਪ੍ਰੋ. ਵਿਗ, ਯੂਨੀਵਰਸਿਟੀ ਰਜਿਸਟਰਾਰ ਪ੍ਰੋ.ਵਾਈ.ਪੀ.ਵਰਮਾ ਅਤੇ ਵੱਖ-ਵੱਖ ਅਧਿਕਾਰੀਆਂ ਨੇ ਬੂਟੇ ਲਗਾਏ। ਪ੍ਰੋਗਰਾਮ ਦੌਰਾਨ ਪੰਜਾਬ ਅਤੇ ਚੰਡੀਗੜ੍ਹ ਦੇ ਕਾਲਜਾਂ ਦੇ ਸਰਵੋਤਮ ਪ੍ਰੋਗਰਾਮ ਅਫਸਰਾਂ ਅਤੇ ਵਲੰਟੀਅਰਾਂ ਨੂੰ ਯੂਨੀਵਰਸਿਟੀ ਪੱਧਰ ਦੇ ਪੁਰਸਕਾਰਾਂ ਨਾਲ ਵੀ ਸਨਮਾਨਿਤ ਕੀਤਾ ਗਿਆ । ਇਸ ਮੌਕੇ ਉੱਚ ਅਧਿਕਾਰੀਆਂ ਤੇ ਵਲੰਟੀਅਰਸ ਨੇ ਸਮਾਗਮ ਦੀ ਥੀਮ ਸਵੱਛਤਾ ਹੀ ਸੇਵਾ ਦੇ ਨਾਅਰਿਆਂ ਨਾਲ ਇੱਕ ਰੈਲੀ ਵਿੱਚ ਹਿੱਸਾ ਲਿਆ। ਸਵੱਛਤਾ ਹੀ ਸੇਵਾ ਵਿਸ਼ੇ ’ਤੇ ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ, ਰੰਗੋਲੀ, ਘੋਸ਼ਣਾ, ਗੀਤ, ਸਮੇਤ ਹੋਰ ਕਿ ਤਰਾਂ ਦੇ ਮੁਕਾਬਲੇ ਕਰਵਾਏ ਗਏ।

---------------------------------------------------------------

ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਸਿਵਲ ਹਸਪਤਾਲ ਵਿਚ ਨਵੇਂ ਡਾਇਲਸਿਸ ਯੁਨਿਟ ਦੀ ਸ਼ੁਰੂਆਤ ਕੀਤੀ । ਇਸ

ਦੌਰਾਨ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਵੀ ਮੌਜੂਦ ਰਹੇ। ਵਿਧਾਇਕ ਨੇ ਕਿਹਾ ਕਿ ਪਹਿਲਾਂ ਲੋਕਾਂ ਨੂੰ ਡਾਇਲਸਿਸ ਲਈ ਦੂਰ ਦੇ ਸ਼ਹਿਰਾਂ ਤੱਕ ਜਾਣਾ ਪੈਂਦਾ ਸੀ ਪਰ ਹੁਣ ਇਹ ਮੁਫ਼ਤ ਸੁਵਿਧਾ, ਫਾਜ਼ਿਲਕਾ ਦੇ ਸਿਵਲ ਹਸਪਤਾਲ ਵਿਚ ਹੀ ਸ਼ੁਰੂ ਹੋ ਗਈ ਏ। ਇਸ ਨਾਲ ਲੋਕਾਂ ਨੂੰ ਬਹੁਤ ਫਾਇਦਾ ਹੋਵੇਗਾ

---------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵੱਲੋਂ 16 ਤੋਂ 23 ਸਤੰਬਰ ਤੱਕ ਖੁੰਬਾਂ ਦਾ ਸਿਖਲਾਈ ਕੋਰਸ ਲਗਾਇਆ ਗਿਆ। ਕ੍ਰਿਸ਼ੀ ਵਿਗਿਆਨ ਕੇਂਦਰ ਦੇ ਡਿਪਟੀ ਡਾਇਰੈਕਟਰ ਡਾ. ਗੁਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਕੋਰਸ ਦੌਰਾਨ 50 ਸਿਖਿਆਰਥੀਆਂ ਨੇ ਇਸ ਸਿਖਲਾਈ ਨੂੰ ਕਿੱਤੇ ਦੇ ਤੌਰ ਤੇ ਅਪਨਾਉਣ ਲਈ ਪ੍ਰੇਰਿਤ ਕੀਤਾ ਤੇ ਕਿਹਾ ਕਿ ਇਸ ਕਿੱਤਾ-ਮੁੱਖੀ ਸਿਖਲਾਈ ਦਾ ਮਕਸਦ ਕਿਸਾਨ ਤੇ ਨੌਜਵਾਨਾਂ ਨੂੰ ਆਤਮ ਨਿਰਭਰ ਬਣਾਉਣਾ ਏ। ਫ਼ਲ ਵਿਗਿਆਨ ਬਾਰੇ ਡਾ. ਸਰਵਪ੍ਰਿਆ ਸਿੰਘ ਨੇ ਪੰਜਾਬ ਵਿੱਚ ਹੋਣ ਵਾਲੀਆਂ ਖੁੰਬਾਂ ਦੀ ਤਕਨੀਕੀ ਅਤੇ ਪ੍ਰਯੋਗੀ ਜਾਣਕਾਰੀ ਦਿੰਦਿਆਂ ਖੁੰਬਾਂ

ਦੀਆਂ ਵੱਖ ਵੱਖ ਕਿਸਮਾਂ ਅਤੇ ਵੱਖ-ਵੱਖ ਤਕਨੀਕਾਂ ਸੰਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਉਨ੍ਹਾਂ ਇਹ ਵੀ ਦੱਸਿਆ ਕਿ ਖੁੰਬਾਂ ਦੀ ਕਾਸ਼ਤ ਇੱਕ ਕਮਰੇ ਤੋਂ ਸ਼ੁਰੂ ਕੀਤੀ ਜਾ ਸਕਦੀ ਏ । ਡਾ. ਜਸਵਿੰਦਰ ਕੌਰ ਬਰਾੜ ਨੇ ਖੁੰਬਾਂ ਦਾ ਆਚਾਰ ਬਣਾਉਣ ਦਾ ਤਰੀਕਾ ਦੱਸਿਆ। ਡਾ. ਵਿਨੇ ਸਿੰਘ ਪਠਾਣੀਆ ਨੇ ਖੁੰਬਾਂ ਦੇ ਕੀਟ ਪ੍ਰਬੰਧਨ ਬਾਰੇ ਜਾਣਕਾਰੀ ਸਾਂਝੀ ਕੀਤੀ।

---------------------------------------------------------------

ਤਰਨ ਤਾਰਨ ਦੇ ਡਿਪਟੀ ਕਮਿਸ਼ਨਰ ਸੰਦੀਪ ਕੁਮਾਰ ਨੇ ਪਰਾਲੀ ਦੇ ਸੁੱਚਜੇ ਪ੍ਰਬੰਧਨ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਕੀਤੀ । ਇਸ ਮੀਟਿੰਗ ਵਿੱਚ ਵੱਖ ਵੱਖ ਅਧਿਕਾਰੀ ਮੌਜੂਦ ਰਹੇ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੁਪਰੀਮ ਕੋਰਟ ਅਤੇ ਪੰਜਾਬ ਸਰਕਾਰ ਦੇ ਮੁੱਖ ਸੱਕਤਰ ਵਲੋਂ ਸਖਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ ਕਿ ਜਿਸ ਖੇਤਰ ਵਿੱਚ ਕਿਸਾਨਾਂ ਵਲੋਂ ਪਰਾਲੀ ਨੂੰ ਅੱਗ ਲਗਾਈ ਜਾਂਦੀ ਏ, ਉਥੋਂ ਦੇ SHOs ਤੁਰੰਤ ਕਾਰਵਾਈ ਕਰਨ ਦੇ ਨਿੱਜੀ ਜਿੰਮੇਵਾਰ ਅਤੇ ਤੁਰੰਤ ਐਫ. ਆਈ. ਆਰ. ਦਰਜ ਕਰਨ ਦੇ ਪਾਬੰਦ ਹੋਣਗੇ । SHOs ਵਲੋਂ

ਪਰਾਲੀ ਨੂੰ ਅੱਗ ਲੱਗਣ ਸਬੰਧੀ ਵੱਟਸਐਪ ਅਤੇ ਫੋਨ ਕਾਲ ਤੇ ਵੀ ਸੂਚਨਾ ਮਿਲਣ ਤੇ ਤੁਰੰਤ ਕਾਰਵਾਈ ਕਰਦਿਆਂ ਐਫ. ਆਈ. ਆਰ ਦਰਜ ਕੀਤੀ ਜਾਵੇਗੀ। ਉਹਨਾ ਕਿਹਾ ਕਿ ਖਡੂਰ ਸਾਹਿਬ ਵਿੱਚ ਪਰਾਲੀ ਨੂੰ ਅੱਗ ਲਾਉਣ ਦੇ ਮਾਮਲੇ ਵੇਖੇ ਗਏ ਨੇ, ਇਸ ਲਈ ਸਾਰੇ SHOs ਸੂਚਨਾ ਮਿਲਣ 'ਤੇ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਣ। ਉਹਨਾਂ ਕਿਹਾ ਕਿ ਐਫ. ਆਈ. ਆਰ ਦੇ ਨਾਲ -ਨਾਲ ਜੁਰਮਾਨਾ, ਲਾਲ ਇੰਦਰਾਜ਼ ਵੀ ਕੀਤਾ ਜਾਵੇਗਾ। ਇਸ ਦੇ ਨਾਲ ਹੀ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਦਾ ਅਸਲਾ ਲਾਇਸੰਸ ਰੱਦ ਕਰ ਦਿੱਤਾ ਜਾਵੇਗਾ ਅਤੇ ਨਾ ਹੀ ਅਸਲਾ ਲਾਇਸੰਸ ਨਵਾਉਂ ਅਤੇ ਨਵਾ ਬਣਾ ਕੇ ਦਿੱਤਾ ਜਾਵੇਗਾ।

------------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਝੋਨੇ ਦੀ ਪਰਾਲੀ ਦੇ ਯੋਗ ਪ੍ਰਬੰਧਨ ਬਾਰੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ।

BYTE: